ਸਾਰਗ ਮਹਲਾ ੫ ॥ ਜਾ ਕੈ ਰਾਮ ਕੋ ਬਲੁ ਹੋਇ ॥ ਸਗਲ ਮਨੋਰਥ ਪੂਰਨ ਤਾਹੂ ਕੇ ਦੂਖੁ ਨ ਬਿਆਪੈ ਕੋਇ ॥੧॥ ਰਹਾਉ ॥ ਜੋ ਜਨੁ ਭਗਤੁ ਦਾਸੁ ਨਿਜੁ ਪ੍ਰਭ ਕਾ ਸੁਣਿ ਜੀਵਾਂ ਤਿਸੁ ਸੋਇ ॥ ਉਦਮੁ ਕਰਉ ਦਰਸਨੁ ਪੇਖਨ ਕੌ ਕਰਮਿ ਪਰਾਪਤਿ ਹੋਇ ॥ ੧॥ ਗੁਰ ਪਰਸਾਦੀ ਦ੍ਰਿਸਟਿ ਨਿਹਾਰਉ ਦੂਸਰ ਨਾਹੀ ਕੋਇ ॥ ਦਾਨੁ ਦੇਹਿ ਨਾਨਕ ਅਪਨੇ ਕਉ ਚਰਨ ਜੀਵਾਂ ਸੰਤ ਧੋਇ ॥੨॥੭੪॥੯੭॥ {ਪੰਨਾ 1223}

ਪਦਅਰਥ:- ਜਾ ਕੈ—ਜਿਸ ਮਨੁੱਖ ਦੇ ਹਿਰਦੇ ਵਿਚ। ਕੋ—ਦਾ। ਤਾਹੂ—ਉਸ (ਮਨੁੱਖ) ਦੇ। ਨ ਬਿਆਪੈ—ਆਪਣਾ ਜ਼ੋਰ ਨਹੀਂ ਪਾ ਸਕਦਾ।1। ਰਹਾਉ।

ਨਿਜੁ—ਖਾਸ ਆਪਣਾ। ਸੁਣਿ—ਸੁਣ ਕੇ। ਜੀਵਾਂ—ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ। ਸੋਇ—ਸੋਭਾ। ਕਰਉ—ਕਰਉਂ, ਮੈਂ ਕਰਦਾ ਹਾਂ। ਕੌ—ਵਾਸਤੇ। ਕਰਮਿ—ਕਰਮ ਦੀ ਰਾਹੀਂ, ਬਖ਼ਸ਼ਸ਼ ਦੀ ਰਾਹੀਂ, (ਪਰਮਾਤਮਾ ਦੀ) ਮਿਹਰ ਨਾਲ।1।

ਪਰਸਾਦੀ—ਪਰਸਾਦਿ, ਕਿਰਪਾ ਨਾਲ। ਨਿਹਾਰਉ—ਨਿਹਾਰਉਂ, ਮੈਂ ਵੇਖਦਾ ਹਾਂ। ਕਉ—ਨੂੰ। ਧੋਇ—ਧੋ ਕੇ।2।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ ਮਿਹਰ ਦਾ ਸਹਾਰਾ ਹੁੰਦਾ ਹੈ, ਉਸ ਮਨੁੱਖ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਉਸ ਉੱਤੇ ਕੋਈ ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦਾ।1। ਰਹਾਉ।

ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦਾ ਖ਼ਾਸ ਆਪਣਾ ਦਾਸ ਭਗਤ ਬਣ ਜਾਂਦਾ ਹੈ, ਮੈਂ ਉਸ ਦੀ ਸੋਭਾ ਸੁਣ ਕੇ ਆਤਮਕ ਜੀਵਨ ਹਾਸਲ ਕਰਦਾ ਹਾਂ। ਮੈਂ ਉਸ ਦਾ ਦਰਸਨ ਕਰਨ ਵਾਸਤੇ ਜਤਨ ਕਰਦਾ ਹਾਂ। ਪਰ (ਸੰਤ ਜਨ ਦਾ ਦਰਸਨ ਭੀ ਪਰਮਾਤਮਾ ਦੀ) ਮਿਹਰ ਨਾਲ ਹੀ ਹੁੰਦਾ ਹੈ।1।

ਹੇ ਭਾਈ! ਗੁਰੂ ਦੀ ਮਿਹਰ ਦਾ ਸਦਕਾ ਮੈਂ ਆਪਣੀ ਅੱਖੀਂ ਵੇਖ ਰਿਹਾ ਹਾਂ ਕਿ (ਪਰਮਾਤਮਾ ਦੇ ਬਰਾਬਰ ਦਾ) ਕੋਈ ਹੋਰ ਦੂਜਾ ਨਹੀਂ ਹੈ। ਹੇ ਨਾਨਕ! (ਆਖ—ਹੇ ਪ੍ਰਭੂ!) ਮੈਨੂੰ ਆਪਣੇ ਦਾਸ ਨੂੰ ਇਹ ਖ਼ੈਰ ਪਾ ਕਿ ਮੈਂ ਸੰਤ ਜਨਾਂ ਦੇ ਚਰਨ ਧੋ ਧੋ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ।2। 74। 97।